ਮਾਰੂ ਮਹਲਾ ੧ ॥ਮੁਲ ਖਰੀਦੀ ਲਾਲਾ ਗੋਲਾ ਮੇਰਾ ਨਾਉ ਸਭਾਗਾ ॥ ਗੁਰ ਕੀ ਬਚਨੀ ਹਾਟਿ ਬਿਕਾਨਾ ਜਿਤੁ ਲਾਇਆ ਤਿਤੁ ਲਾਗਾ ॥ ੧॥ ਤੇਰੇ ਲਾਲੇ ਕਿਆ ਚਤੁਰਾਈ ॥ ਸਾਹਿਬ ਕਾ ਹੁਕਮੁ ਨ ਕਰਣਾ ਜਾਈ ॥੧॥ ਰਹਾਉ ॥ ਮਾ ਲਾਲੀ ਪਿਉ ਲਾਲਾ ਮੇਰਾ ਹਉ ਲਾਲੇ ਕਾ ਜਾਇਆ ॥ ਲਾਲੀ ਨਾਚੈ ਲਾਲਾ ਗਾਵੈ ਭਗਤਿ ਕਰਉ ਤੇਰੀ ਰਾਇਆ ॥੨॥ਪੀਅਹਿ ਤ ਪਾਣੀ ਆਣੀ ਮੀਰਾ ਖਾਹਿ ਤ ਪੀਸਣ ਜਾਉ ॥ ਪਖਾ ਫੇਰੀ ਪੈਰ ਮਲੋਵਾ ਜਪਤ ਰਹਾ ਤੇਰਾ ਨਾਉ ॥ ੩॥ ਲੂਣ ਹਰਾਮੀ ਨਾਨਕੁ ਲਾਲਾ ਬਖਸਿਹਿ ਤੁਧੁ ਵਡਿਆਈ ॥ ਆਦਿ ਜੁਗਾਦਿ ਦਇਆਪਤਿ ਦਾਤਾ ਤੁਧੁ ਵਿਣੁ ਮੁਕਤਿ ਨ ਪਾਈ ॥ ੪॥੬॥ {ਪੰਨਾ 991}

ਪਦਅਰਥ:- ਮੁਲ ਖਰੀਦੀ—ਮੁੱਲ ਖ਼ਰੀਦਿਆ ਹੋਇਆ, ਜਦੋਂ ਤੋਂ ਮੈਂ ਪ੍ਰੇਮ-ਕੀਮਤਿ ਦੇ ਵੱਟੇ ਖ਼ਰੀਦਿਆ ਗਿਆ ਹਾਂ, ਜਦੋਂ ਤੋਂ ਗੁਰੂ ਨੇ ਮੈਨੂੰ ਪ੍ਰਭੂ ਦਾ ਪਿਆਰ ਦੇ ਕੇ ਉਸ ਦੇ ਇਵਜ਼ ਮੇਰਾ ਆਪਾ-ਭਾਵ ਲੈ ਲਿਆ ਹੈ। ਲਾਲਾ—ਗ਼ੁਲਾਮ। ਗੋਲਾ—ਗ਼ੁਲਾਮ। ਸਭਾਗਾ—ਭਾਗਾਂ ਵਾਲਾ। ਮੇਰਾ ਨਾਉ ਸਭਾਗਾ—'ਭਾਗਾਂ ਵਾਲਾ' ਮੇਰਾ ਨਾਮ ਪੈ ਗਿਆ ਹੈ, ਮੈਨੂੰ ਦੁਨੀਆ ਭੀ ਭਾਗਾਂ ਵਾਲਾ ਆਖਣ ਲੱਗ ਪਈ ਹੈ। ਗੁਰ ਕੀ ਬਚਨੀ—ਗੁਰੂ ਦੇ ਉਪਦੇਸ਼ ਦੇ ਵੱਟੇ। ਹਾਟਿ—ਗੁਰੂ ਦੇ ਹੱਟ ਤੇ, ਗੁਰੂ ਦੇ ਦਰ ਤੇ। ਬਿਕਾਨਾ—ਮੈਂ ਵਿਕ ਗਿਆ ਹਾਂ, ਮੈਂ ਸਿਰ ਵੇਚ ਦਿੱਤਾ ਹੈ, ਮੈਂ ਆਪਾ-ਭਾਵ ਦੇ ਦਿੱਤਾ ਹੈ। ਜਿਤੁ—ਜਿਸ (ਕੰਮ) ਵਿਚ। ਤਿਤੁ—ਉਸੇ (ਕੰਮ) ਵਿਚ।1।

ਕਿਆ ਚਤੁਰਾਈ—ਕਾਹਦੀ ਅਕਲ ਹੈ? ਪੂਰੀ ਸਮਝ ਨਹੀਂ ਹੈ।1। ਰਹਾਉ।

ਮਾ—ਮੇਰੀ ਮਾਂ, ਮੇਰੀ ਮਤਿ। ਲਾਲੀ—ਦਾਸੀ, ਹੁਕਮ ਵਿਚ ਤੁਰਨ ਵਾਲੀ। ਮਾ ਲਾਲੀ—ਤੇਰੇ ਹੁਕਮ ਵਿਚ ਤੁਰਨ ਵਾਲੀ ਮੇਰੀ ਮਤਿ। ਪਿਉ—ਮੇਰਾ ਪਿਉ, ਸੰਤੋਖ, ਮੇਰੇ ਸੇਵਕ-ਜੀਵਨ ਨੂੰ ਜਨਮ ਦੇਣ ਵਾਲਾ ਸੰਤੋਖ {ਨੋਟ:- ਜਿਥੇ ਸੰਤੋਖ ਹੈ ਉਥੇ ਹੀ ਸੇਵਾ-ਭਾਵ ਹੋ ਸਕਦਾ ਹੈ। ਸੰਤੋਖ ਸੇਵਾ-ਭਾਵ ਨੂੰ ਜਨਮ ਦੇਂਦਾ ਹੈ}। ਹਉ—ਮੈਂ, ਮੇਰਾ ਸੇਵਾ-ਭਾਵ। ਲਾਲੇ ਕਾ ਜਾਇਆ—ਸੰਤੋਖ-ਪਿਤਾ ਤੋਂ ਹੀ ਜੰਮਿਆ ਹੈ। ਲਾਲੀ ਨਾਚੈ—ਲਾਲੀ ਨੱਚਦੀ ਹੈ, ਮੇਰੀ ਮਤਿ ਉਤਸ਼ਾਹ ਵਿਚ ਆਉਂਦੀ ਹੈ। ਲਾਲਾ ਗਾਵੈ—ਲਾਲਾ ਗਾਂਦਾ ਹੈ, ਸੰਤੋਖ ਉਛਾਲੇ ਮਾਰਦਾ ਹੈ। ਕਰਉ—ਮੈਂ ਕਰਦਾ ਹਾਂ। ਰਾਇਆ—ਹੇ
ਪ੍ਰਕਾਸ਼-ਰੂਪ-ਪ੍ਰਭੂ!।2।

ਪੀਅਹਿ—ਜੇ ਤੂੰ ਪੀਵੇਂ। ਹੇ ਪ੍ਰਭੂ! ਆਪਣੀ ਰਚੀ ਖ਼ਲਕਤ ਵਿਚ ਵਿਆਪਕ ਹੋ ਕੇ ਜੇ ਤੈਨੂੰ ਪਾਣੀ ਦੀ ਲੋੜ ਪਏ। ਆਣੀ—ਮੈਂ ਲਿਆਵਾਂ। ਮੀਰਾ—ਹੇ (ਮੇਰੇ) ਪਾਤਿਸ਼ਾਹ! ਪੀਸਣ ਜਾਉ—ਮੈਂ ਚੱਕੀ ਪੀਹਣ ਜਾਵਾਂ। ਫੇਰੀ—ਮੈਂ ਫੇਰਾਂ।3।

ਲੂਣ ਹਰਾਮੀ—ਮਿਲੀ ਤਨਖ਼ਾਹ ਦੇ ਇਵਜ਼ ਵਿਚ ਪੂਰਾ ਸਾਂਵਾਂ ਕੰਮ ਨਾਹ ਕਰ ਸਕਣ ਵਾਲਾ। ਬਖਸਿਹਿ—ਜੇ ਤੂੰ ਬਖ਼ਸ਼ਸ਼ ਕਰੇਂ, ਜੇ ਤੇਰੀ ਆਪਣੀ ਮੇਹਰ ਹੋਵੇ। ਤੁਧੁ ਵਡਿਆਈ—ਤੈਨੂੰ ਵਡਿਆਈ ਮਿਲੇਗੀ, ਤੇਰੀ ਹੀ ਜੈ-ਜੈਕਾਰ ਹੋਵੇਗੀ। ਆਦਿ—ਮੁੱਢ ਤੋਂ। ਜੁਗਾਦਿ—ਜੁਗਾਂ ਦੇ ਮੁੱਢ ਤੋਂ। ਦਇਆ ਪਤਿ—ਦਇਆ ਦਾ ਮਾਲਕ। ਤੁਧੁ ਵਿਣੁ—ਤੇਰੀ ਦਇਆ ਤੋਂ ਬਿਨਾ।4।

ਅਰਥ:- (ਹੇ ਪ੍ਰਭੂ!) ਜਦੋਂ ਤੋਂ ਗੁਰੂ ਨੇ ਮੈਨੂੰ ਤੇਰਾ ਪ੍ਰੇਮ ਦੇ ਕੇ ਉਸਦੇ ਵੱਟੇ ਵਿਚ ਮੇਰਾ ਆਪਾ-ਭਾਵ ਖ਼ਰੀਦ ਲਿਆ ਹੈ, ਮੈਂ ਤੇਰਾ ਦਾਸ ਹੋ ਗਿਆ ਹਾਂ, ਮੈਂ ਤੇਰਾ ਗ਼ੁਲਾਮ ਹੋ ਗਿਆ ਹਾਂ, ਮੈਨੂੰ ਦੁਨੀਆ ਭੀ ਭਾਗਾਂ ਵਾਲਾ ਆਖਣ ਲੱਗ ਪਈ ਹੈ। ਗੁਰੂ ਦੇ ਦਰ ਤੇ ਗੁਰੂ ਦੇ ਉਪਦੇਸ਼ ਦੇ ਇਵਜ਼ ਮੈਂ ਆਪਾ-ਭਾਵ ਦੇ ਦਿੱਤਾ ਹੈ, ਹੁਣ ਜਿਸ ਕੰਮ ਵਿਚ ਮੈਨੂੰ ਗੁਰੂ ਲਾਉਂਦਾ ਹੈ ਉਸੇ ਕੰਮ ਵਿਚ ਮੈਂ ਲੱਗਾ ਰਹਿੰਦਾ ਹਾਂ।1।

(ਪਰ ਹੇ ਪ੍ਰਭੂ!) ਮੈਨੂੰ ਤੇਰੇ ਗ਼ੁਲਾਮ ਨੂੰ ਅਜੇ ਪੂਰੀ ਸਮਝ ਨਹੀਂ ਹੈ, ਮੈਥੋਂ, ਹੇ ਸਾਹਿਬ! ਤੇਰਾ ਹੁਕਮ ਪੂਰੇ ਤੌਰ ਤੇ ਸਿਰੇ

ਨਹੀਂ ਚੜ੍ਹਦਾ (ਅਕਲ ਤਾਂ ਇਹ ਚਾਹੀਦੀ ਸੀ ਕਿ ਸੇਵਾ ਹੁਕਮ ਤੋਂ ਵਧੀਕ ਕੀਤੀ ਜਾਏ; ਪਰ ਵਾਧਾ ਕਰਨਾ ਤਾਂ ਕਿਤੇ ਰਿਹਾ, ਪੂਰੀ ਭੀ ਨਿਬਾਹੀ ਨਹੀਂ ਜਾਂਦੀ)।1। ਰਹਾਉ।

(ਗੁਰੂ ਦੀ ਮੇਹਰ ਨਾਲ) ਤੇਰੇ ਹੁਕਮ ਵਿਚ ਤੁਰਨ ਵਾਲੀ (ਮੇਰੀ ਮਤਿ ਬਣੀ ਉਸ ਮਤਿ-) ਮਾਂ (ਨੇ ਮੈਨੂੰ ਸੇਵਕ-ਜੀਵਨ ਵਾਲਾ ਜਨਮ ਦਿੱਤਾ), (ਤੇਰਾ ਬਖ਼ਸ਼ਿਆ ਸੰਤੋਖ) ਮੇਰਾ ਪਿਉ ਬਣਿਆ। ਮੈਨੂੰ (ਮੇਰੇ ਸੇਵਕ-ਸੁਭਾਵ ਨੂੰ) ਸੰਤੋਖ-ਪਿਉ ਤੋਂ ਹੀ ਜਨਮ ਮਿਲਿਆ। ਹੁਣ, ਹੇ ਪ੍ਰਭੂ! ਜਿਉਂ ਜਿਉਂ ਮੈਂ ਤੇਰੀ ਭਗਤੀ ਕਰਦਾ ਹਾਂ ਮੇਰੀ ਮਾਂ (-ਮਤਿ) ਹੁਲਾਰੇ ਵਿਚ ਆਉਂਦੀ ਹੈ, ਮੇਰਾ ਪਿਉ (-ਸੰਤੋਖ) ਉਛਾਲੇ ਮਾਰਦਾ ਹੈ।2।

(ਹੇ ਪ੍ਰਭੂ! ਮੈਨੂੰ ਤਾਂ ਸਮਝ ਨਹੀਂ ਕਿ ਮੈਂ ਕਿਸ ਤਰ੍ਹਾਂ ਤੇਰਾ ਹੁਕਮ ਪੂਰੇ ਤੌਰ ਤੇ ਕਮਾ ਸਕਾਂ, ਪਰ ਜੇ ਤੂੰ ਮੇਹਰ ਕਰੇਂ ਤਾਂ) ਹੇ ਪਾਤਿਸ਼ਾਹ! ਮੈਂ ਤੇਰੇ (ਬੰਦਿਆਂ) ਲਈ ਪੀਣ ਵਾਸਤੇ ਪਾਣੀ ਢੋਵਾਂ, ਤੇਰੇ (ਬੰਦਿਆਂ ਦੇ) ਖਾਣ ਵਾਸਤੇ ਚੱਕੀ ਪੀਹਾਂ, ਪੱਖਾ ਫੇਰਾਂ, ਤੇਰੇ (ਬੰਦਿਆਂ ਦੇ) ਪੈਰ ਘੁੱਟਾਂ, ਤੇ ਸਦਾ ਤੇਰਾ ਨਾਮ ਜਪਦਾ ਰਹਾਂ।3।

(ਪਰ ਹੇ ਦਇਆ ਦੇ ਮਾਲਕ ਪ੍ਰਭੂ!) ਤੇਰਾ ਗ਼ੁਲਾਮ ਨਾਨਕ ਤੇਰੀ ਉਤਨੀ ਖ਼ਿਦਮਤ ਨਹੀਂ ਕਰ ਸਕਦਾ ਜਿਤਨੀਆਂ ਤੂੰ ਬਖ਼ਸ਼ਸ਼ਾਂ ਕਰ ਰਿਹਾ ਹੈਂ (ਤੇਰਾ ਗ਼ੁਲਾਮ) ਤੇਰੀਆਂ ਬਖ਼ਸ਼ਸ਼ਾਂ ਦੇ ਮੋਹ ਵਿਚ ਹੀ ਫਸ ਜਾਂਦਾ ਹੈ, ਖ਼ਿਦਮਤ ਕਰਾਣ ਵਾਸਤੇ ਭੀ ਜੇ ਤੂੰ ਆਪ ਹੀ ਮੇਹਰ ਕਰੇਂ (ਤਾਂ ਮੈਂ ਖ਼ਿਦਮਤ ਕਰ ਸਕਾਂਗਾ, ਇਸ ਵਿਚ ਭੀ) ਤੇਰੀ ਹੀ ਜੈ-ਜੈਕਾਰ ਹੋਵੇਗੀ। ਤੂੰ ਸ਼ੁਰੂ ਤੋਂ ਹੀ ਜੁਗਾਂ ਦੇ ਸ਼ੁਰੂ ਤੋਂ ਹੀ ਦਇਆ ਦਾ ਮਾਲਕ ਹੈਂ ਦਾਤਾਂ ਦੇਂਦਾ ਆਇਆ ਹੈਂ (ਇਹਨਾਂ ਦਾਤਾਂ ਦੇ ਮੋਹ ਤੋਂ) ਖ਼ਲਾਸੀ ਤੇਰੀ ਸਹੈਤਾ ਤੋਂ ਬਿਨਾ ਨਹੀਂ ਹੋ ਸਕਦੀ।4।6।